# ਆਕਾਸ਼ਵਾਣੀ ਜਲੰਧਰ

# ਪ੍ਰਦੇਸ਼ਿਕ ਖਬਰਾਂ ਪੰਜਾਬੀ

# 18:20

**ਮਿਤੀ :16-02-2026**

## ਪਹਿਲਾ ਬੁਲੇਟਿਨ ਦੀਆਂ ਖਾਸ ਖਬਰਾਂ

- ਇੰਡੀਆ ਏਆਈ ਇਮਪੈਕਟ ਸਿਖਰ ਸੰਮੇਲਨ 2026 ਨਵੀਂ ਦਿੱਲੀ ਵਿੱਚ ਸ਼ੁਰੂ ਹੋ ਗਿਆ ਏ ।
- ਮੋਗਾ ‘ਚ ਯੁੱਧ ਨਸ਼ਿਆਂ ਵਿਰੁਧ ਮੁਹਿੰਮ ਦੇ ਦੂਜੇ ਪੜਾਅ ਦੇ ਰਾਜ – ਪਧਰੀ ਸਮਾਗਮ ‘ਚ , ਮੁਖ ਮੰਤਰੀ ਭਗਵੰਤ ਸਿੰਘ ਮਾਨ ਨੇ ਸੂਬੇ ‘ਚ ਨਸ਼ੇ ਨੂੰ ਖਤਮ ਕਰਨ ਨੂੰ ਲੋਕ ਲਹਿਰ ਬਣਾਉਣ ਦਾ ਸੱਦਾ ਦਿੱਤਾ.
- ਕੌਮੀ ਗਰੀਨ ਟ੍ਰਿਬਿਊਨਲ ਨੇ ਪੰਜਾਬ ਭਰ ਦੀਆਂ ਸਾਰੀਆਂ 85 ਖੱਡਾਂ ’ਤੇ ਖੁਦਾਈ ਕਰਨ ’ਤੇ ਪਾਬੰਦੀ ਲਾ ਦਿੱਤੀ ਏ ।

- ਪੰਜਾਬ ਦੇ ਸਿਹਤ ਮੰਤਰੀ ਡਾ. ਬਲਬੀਰ ਸਿੰਘ ਵੱਲੋਂ ਜ਼ਿਲ੍ਹਾ ਬਰਨਾਲਾ ਦੇ ਅਚਨਚੇਤ ਦੌਰੇ ਦੌਰਾਨ 'ਮੁੱਖ ਮੰਤਰੀ ਸਿਹਤ ਯੋਜਨਾ' ਤਹਿਤ ਪ੍ਰਕਿਰਿਆ ਦਾ ਜਾਇਜ਼ਾ ਲਿਆ ਗਿਆ.
- ਕਿਲ੍ਹਾ ਰਾਏਪੁਰ ਵਿਖੇ ਪੇਂਡੂ ਓਲੰਪਿਕ 2026 ਦੀ ਭਲਕੇ 17 ਫਰਵਰੀ ਨੂੰ ਹੋਏਗੀ ਰਸਮੀ ਸ਼ੁਰੂਆਤ |

**ਹੁਣ ਖਬਰਾਂ ਵਿਸਥਾਰ ਨਾਲ**

ਇੰਡੀਆ ਏਆਈ ਇਮਪੈਕਟ ਸਿਖਰ ਸੰਮੇਲਨ 2026 ਨਵੀਂ ਦਿੱਲੀ ਵਿੱਚ ਸ਼ੁਰੂ ਹੋ ਗਿਆ ਏ । ਇਹ ਪੰਜ ਦਿਨਾਂ ਕਾਨਫਰੰਸ ਕਿਸੇ ਆਲਮੀ ਦਖਣ ਦੇਸ਼ ਵਿੱਚ ਹੋਣ ਵਾਲਾ ਪਹਿਲਾ ਆਲਮੀ AI ਸਿਖਰ ਸੰਮੇਲਨ ਏ । ਇਹ ਆਲਮੀ AI ਏਜੰਡੇ ਵਿੱਚ ਭਾਰਤ ਦੀ ਭੂਮਿਕਾ ਨੂੰ ਮਜ਼ਬੂਤ ਕਰਨ ਲਈ ਇੱਕ ਮਹੱਤਵਪੂਰਨ ਮੰਚ ਏ । ਵੀਹ ਦੇਸ਼ਾਂ ਦੇ ਆਲਮੀ ਨੇਤਾ ਇਸ ਸਿਖਰ ਸੰਮੇਲਨ ਵਿੱਚ ਹਿੱਸਾ ਲੈ ਰਹੇ ਨੇ, ਜਿਨ੍ਹਾਂ ਵਿੱਚ ਫਰਾਂਸ ਦੇ ਰਾਸ਼ਟਰਪਤੀ ਇਮੈਨੁਅਲ ਮੈਕਰੋਂ, ਬ੍ਰਾਜ਼ੀਲ ਦੇ ਰਾਸ਼ਟਰਪਤੀ ਲੁਈਜ਼ ਇਨਾਸੀਓ ਲੂਲਾ ਡਾ ਸਿਲਵਾ, ਸਪੇਨ ਦੇ ਰਾਸ਼ਟਰਪਤੀ ਪੇਡਰੋ ਸੈਂਚੇਸ, ਸਵਿਤਜ਼ਰਲੈਂਡ ਦੇ ਰਾਸ਼ਟਰਪਤੀ ਗਾਈ ਪਾਰਮੇਲਿਨ, ਨੀਦਰਲੈਂਡ ਦੇ ਪ੍ਰਧਾਨ

ਮੰਤਰੀ ਡਿਕ ਸਕੋਫ ਅਤੇ ਯੂਏਈ ਦੇ ਵਲੀ ਅਹਿਦ ਸ਼ਹਿਜ਼ਾਦੇ ਸ਼ੇਖ ਖਾਲਿਦ ਬਿਨ ਮੁਹੰਮਦ ਬਿਨ ਜ਼ਾਇਦ ਅਲ ਨਾਹਯਾਨ ਸ਼ਾਮਲ ਨੇ. 45 ਤੋਂ ਵੱਧ ਦੇਸ਼ਾਂ ਦੇ ਮੰਤਰੀ ਮੰਡਲ ਸੰਮੇਲਨ ਵਿੱਚ ਸ਼ਾਮਲ ਹੋਣਗੇ।

---------------------------------------------------------------

ਪੰਜਾਬ ਸਰਕਾਰ ਵਲੋਂ ਚਲਾਈ ਗਈ ਯੁਧ ਨਸ਼ਿਆਂ ਵਿਰੁਧ ਮੁਹਿੰਮ ਦੇ ਦੂਜੇ ਪੜਾਅ ਦਾ ਅੱਜ ਰਾਜ – ਪਧਰੀ ਸਮਾਗਮ ਮੋਗਾ ‘ਚ ਕਰਾਇਆ ਗਿਆ.। ਇਸ ਮੌਕੇ ਲੋਕਾਂ ਨੂੰ ਸੰਬੋਧਨ ਕਰਦਿਆਂ, ਮੁਖ ਮੰਤਰੀ ਭਗਵੰਤ ਸਿੰਘ ਮਾਨ ਨੇ ਸੂਬੇ ‘ਚ ਨਸ਼ੇ ਨੂੰ ਖਤਮ ਕਰਨ ਲਈ ਲੋਕ ਲਹਿਰ ਬਣਾਉਣ ਦਾ ਸੱਦਾ ਦਿੰਦਿਆਂ ਜਨਤਾ ਨੂੰ ਇਸ ਵਿਚ ਆਪਣਾ ਯੋਗਦਾਨ ਪਾਉਣ ਲਈ ਕਿਹਾ

**Byte**

ਸ਼੍ਰੀ ਮਾਨ ਨੇ ਕਿਹਾ ਕਿ ‘ ਯੁਧ ਨਸ਼ਿਆਂ ਵਿਰੁਧ ‘ ਦੇ ਦੂਜੇ ਪੜਾਅ ਤਹਿਤ ਸਕੂਲਾਂ ਵਿਚ ਬਚਿਆਂ ਅਤੇ ਮਾਤਾ – ਪਿਤਾ ਨੂੰ ਇਸ ਬਾਰੇ ਜਾਣਕਾਰੀ ਦਿੱਤੀ ਜਾਏਗੀ. ਓਹਨਾਂ ਕਿਹਾ ਕਿ ਜਿਥੇ

ਅਧਿਆਪਕ ਸਕੂਲਾਂ ਵਿਚ ਵਿਦਿਆਰਥੀਆਂ ‘ਤੇ ਨਜ਼ਰ ਰਖਣਗੇ ਓਥੇ ਹੀ ਮਾਤਾ - ਪਿਤਾ ਨੂੰ ਵੀ ਆਪਣੇ ਬਚਿਆਂ ‘ਤੇ ਨਜ਼ਰ ਰੱਖਣੀ ਹੋਏਗੀ ਤਾਂ ਜੋ ਬੱਚੇ ਕਿਸੇ ਮਾੜੀ ਸੰਗਤ ‘ਚ ਪੈ ਕੇ ਨਸ਼ਾ ਨਾ ਕਰਨ ਲਗ ਜਾਣ.। ਇਸ ਮੌਕੇ ਆਮ ਆਦਮੀ ਪਾਰਟੀ ਦੇ ਹੋਰ ਨੇਤਾ ਵੀ ਮੌਜੂਦ ਸਨ.। ਪੰਜਾਬ ਪੁਲਿਸ ਮੁਖੀ ਗੌਰਵ ਯਾਦਵ ਨੇ ਦੱਸਿਆ ਕਿ ਇਸ ਮੁਹਿੰਮ ਹੇਠ ਨਸ਼ਿਆਂ ਦਾ ਕਾਰੋਬਾਰ ਕਰਨ ਵਾਲੇ 45 ਹਜ਼ਾਰ ਲੋਕਾਂ ਨੂੰ ਗਿਰਫਤਾਰ ਕੀਤਾ ਜਾ ਚੁਕਿਆ ਏ. ਓਹਨਾਂ ਦੱਸਿਆ ਕਿ ਦੇਸ਼ ਭਰ ਵਿਚ ਬੀਤੇ ਸਾਲ ਕੋਈ 3 ਹਜ਼ਾਰ ਕਿਲੋਗ੍ਰਾਮ ਹੀਰੋਇਨ ਜ਼ਬਤ ਕੀਤੀ ਗਈ ਸੀ ਜਿਸ ਵਿਚ 2 ਹਜ਼ਾਰ ਕਿਲੋ ਤੋਂ ਵਧ ਯਾਨੀ 66 ਫੀਸਦੀ ਇਕੱਲਿਆਂ ਪੰਜਾਬ ‘ਚ ਹੀ ਪੰਜਾਬ ਪੁਲਿਸ ਤੇ ਸਰਹੱਦੀ ਸੁਰਖਿਆ ਬਲ ਵਲੋਂ ਸਾਂਝੀ ਕਾਰਵਾਈ ‘ਚ ਜ਼ਬਤ ਕੀਤੀ ਜਾ ਚੁਕੀ ਏ. ਇਸ ਸਮਾਗਮ ਦੌਰਾਨ ਪਿੰਡ ਰਖਿਆ ਕਮੇਟੀ ਦੇ ਮੈਂਬਰਾਂ ਅਤੇ ਆਮ ਲੋਕਾਂ ਨੇ ਵੀ ਪੰਜਾਬ ਨੂੰ ਨਸ਼ਾ ਮੁਕਤ ਰੰਗਲਾ ਪੰਜਾਬ ਬਣਾਉਣ ਦਾ ਅਹਿਦ ਲਿਆ.

---------------------------------------------

ਕੌਮੀ ਗਰੀਨ ਟ੍ਰਿਬਿਊਨਲ (ਐੱਨ ਜੀ ਟੀ) ਨੇ ਪੰਜਾਬ ਭਰ ਦੀਆਂ ਸਾਰੀਆਂ 85 ਖੱਡਾਂ  ’ਤੇ ਖੁਦਾਈ ਕਰਨ ’ਤੇ ਪਾਬੰਦੀ ਲਾ ਦਿੱਤੀ ਏ ।  ਐੱਨ ਜੀ ਟੀ ਦੇ ਨਵੀਂ ਦਿੱਲੀ ਸਥਿਤ ਪ੍ਰਮੁੱਖ ਬੈਂਚ ਨੇ ਇਹ ਹੁਕਮ ਗੁਰਦਾਸਪੁਰ ਜ਼ਿਲ੍ਹੇ ਦੇ ਪਿੰਡ ਗਾਹਲੜੀ ਦੀ ਪੰਚਾਇਤ ਵੱਲੋਂ ਦਾਇਰ ਅਰਜ਼ੀ ’ਤੇ ਸੁਣਵਾਈ ਕਰਦਿਆਂ ਜਾਰੀ ਕੀਤੇ ਨੇ. ਇਹ ਪਾਬੰਦੀ ਅਗਲੇ ਹੁਕਮਾਂ ਤੱਕ ਜਾਰੀ ਰਹੇਗੀ। ਇਹ ਹੁਕਮ ਪਿੰਡ ਵਾਸੀਆਂ ਲਈ ਬਹੁਤ ਮਹੱਤਵ ਰੱਖਦਾ ਏ । ਪਿਛਲੇ ਸਾਲ (ਅਗਸਤ ਤੇ ਸਤੰਬਰ 2025) ਵਿੱਚ ਪੰਜਾਬ ਦੇ ਕਈ ਇਲਾਕਿਆਂ ’ਚ ਆਏ ਭਿਆਨਕ ਹੜ੍ਹਾਂ ਕਾਰਨ ਵੱਡੇ ਪੱਧਰ ’ਤੇ ਜ਼ਮੀਨਾਂ ਬਰਬਾਦ ਹੋ ਗਈਆਂ ਸਨ। ਪਿੰਡ ਵਾਸੀਆਂ ਦਾ ਮੰਨਣਾ ਏ ਕਿ ਕੁਝ ਸ਼ਰਾਰਤੀ ਅਨਸਰਾਂ ਵੱਲੋਂ ਕੀਤੀ ਗੈਰ-ਕਾਨੂੰਨੀ ਮਾਈਨਿੰਗ ਕਾਰਨ ਦਰਿਆਵਾਂ ਦੇ ਬੰਨ੍ਹ ਕਮਜ਼ੋਰ ਹੋ ਗਏ ਸਨ, ਜਿਸ ਕਾਰਨ ਹੜ੍ਹਾਂ ਨੇ ਭਾਰੀ ਤਬਾਹੀ ਮਚਾਈ ਸੀ. ਐੱਨਜੀਟੀ ਵਲੋਂ ਜਾਰੀ ਕੀਤੇ ਗਏ ਹੁਕਮਾਂ ਦੀ ਪਿੰਡ ਵਾਸੀਆਂ ਨੇ ਸ਼ਲਾਘਾ ਕੀਤੀ ਏ

**Byte**

ਉੱਧਰ, ਖਣਨ ਵਿਭਾਗ ਦੇ ਅਧਿਕਾਰੀ ਨੇ ਇਸ ਸਬੰਧੀ ਕਿਹਾ ਏ ਕਿ ਵਿਭਾਗ ਇਸ ਮਾਮਲੇ ਵਿੱਚ ਕੋਈ ਵੀ ਟਿੱਪਣੀ ਸਿਰਫ਼ ਐੱਨ ਜੀ ਟੀ ਦੇ ਲਿਖਤੀ ਹੁਕਮਾਂ ਨੂੰ ਚੰਗੀ ਤਰ੍ਹਾਂ ਪੜ੍ਹਨ ਅਤੇ ਸਮਝਣ ਤੋਂ ਬਾਅਦ ਹੀ ਕਰੇਗਾ।

----------------------------------------------------------

ਪੰਜਾਬ ਸਰਕਾਰ ਨੇ ਲੁਧਿਆਣਾ ਦੇ ਇੱਕ ਫਰਜ਼ੀ ਸਕੂਲ ਵਿਰੁੱਧ ਸਖ਼ਤ ਕਾਰਵਾਈ ਕੀਤੀ ਏ ਕਿਉਂਕਿ ਇਸ ਸਕੂਲ ਵਿੱਚ ਪ੍ਰੈਕਟੀਕਲ ਪ੍ਰੀਖਿਆ ਲਈ ਸਹੂਲਤਾਂ ਦੀ ਘਾਟ ਦੇ ਬਾਵਜੂਦ 12ਵੀਂ ਦੀਆਂ ਪ੍ਰੀਖਿਆਵਾਂ ਲਈ ਵਿਦਿਆਰਥੀਆਂ ਨੂੰ ਰਜਿਸਟਰ ਕੀਤਾ ਗਿਆ ਸੀ। ਇਹ ਕਾਰਵਾਈ ਸੂਬੇ ਦੀ ਸਿੱਖਿਆ ਪ੍ਰਣਾਲੀ ਦੀ ਗਰਿਮਾ ਤੇ ਇਮਾਨਦਾਰੀ ਨੂੰ ਬਰਕਰਾਰ ਰੱਖਣ ਦੇ ਉਦੇਸ਼ ਨਾਲ ਕੀਤੀ ਗਈ ਏ.ਇਸ ਸਬੰਧੀ ਜਾਣਕਾਰੀ ਦਿੰਦਿਆਂ ਪੰਜਾਬ ਦੇ ਸਿੱਖਿਆ ਮੰਤਰੀ ਹਰਜੋਤ ਸਿੰਘ ਬੈਂਸ ਨੇ ਦੱਸਿਆ ਕਿ ਪੰਜਾਬ ਸਕੂਲ ਸਿੱਖਿਆ ਬੋਰਡ (ਪੀ.ਐਸ.ਈ.ਬੀ.) ਵੱਲੋਂ ਦਸਮੇਸ਼ ਪਬਲਿਕ ਸੀਨੀਅਰ ਸੈਕੰਡਰੀ ਸਕੂਲ, ਮਹਿਦੂਦਾਂ, ਲੁਧਿਆਣਾ

ਵਿਰੁੱਧ ਸਖ਼ਤ ਕਾਰਵਾਈ ਸ਼ੁਰੂ ਕਰ ਦਿੱਤੀ ਗਈ ਏ, ਜਿਸ ਵਿੱਚ ਮਾਨਤਾ ਵਾਪਸ ਲੈਣਾ ਅਤੇ ਫਰਜ਼ੀ ਦਸਤਾਵੇਜ਼ ਜਮ੍ਹਾਂ ਕਰਾਉਣ ਲਈ ਅਪਰਾਧਿਕ ਸ਼ਿਕਾਇਤ ਦਰਜ ਕਰਨਾ ਸ਼ਾਮਲ ਏ। ਉਨ੍ਹਾਂ ਦੱਸਿਆ ਕਿ ਪੀ.ਐਸ.ਈ.ਬੀ. ਨੇ ਸਕੂਲ ਵੱਲੋਂ ਰਜਿਸਟਰ ਕੀਤੇ ਸਾਰੇ 27 ਵਿਦਿਆਰਥੀਆਂ ਦੇ ਰੋਲ ਨੰਬਰ ਵੀ ਰੱਦ ਕਰ ਦਿੱਤੇ ਨੇ.

ਸ੍ਰੀ ਬੈਂਸ ਨੇ ਦੱਸਿਆ ਕਿ ਫਿਜੀਕਲ ਜਾਂਚ ਦੌਰਾਨ, ਇਸ ਸਕੂਲ ਦਾ ਕੋਈ ਵਾਜੂਦ ਸਾਹਮਣੇ ਨਹੀਂ ਆਇਆ, ਇਸ ਦੀ ਇਮਾਰਤ ਕਿਰਾਏ 'ਤੇ ਦਿੱਤੀ ਗਈ ਸੀ ਅਤੇ ਕੋਈ ਕਲਾਸ ਨਹੀਂ ਲਾਈ ਜਾ ਰਹੀ ਸੀ। 12ਵੀਂ ਜਮਾਤ ਦੀਆਂ ਪ੍ਰੀਖਿਆਵਾਂ ਲਈ ਰਜਿਸਟਰਡ 27 ਵਿਦਿਆਰਥੀਆਂ ਦੇ ਰੋਲ ਨੰਬਰ ਵੀ ਮੌਜੂਦ ਨਹੀਂ ਸਨ, ਜਿਸ ਕਾਰਨ ਪੀ.ਐਸ.ਈ.ਬੀ. ਨੇ ਉਨ੍ਹਾਂ ਦੇ ਰੋਲ ਨੰਬਰ ਰੱਦ ਕਰ ਦਿੱਤੇ. ਸਿੱਖਿਆ ਮੰਤਰੀ ਨੇ ਮਾਪਿਆਂ ਅਤੇ ਵਿਦਿਆਰਥੀਆਂ ਨੂੰ ਭਰੋਸਾ ਦਿੱਤਾ ਕਿ ਵਿਦਿਆਰਥੀਆਂ ਨੂੰ ਹੋਰ ਸਕੂਲ ਅਲਾਟ ਕੀਤਾ ਜਾਏਗਾ. ਉਨ੍ਹਾਂ ਇਹ ਵੀ ਦੱਸਿਆ ਕਿ ਜਾਂਚ ਟੀਮਾਂ ਨੂੰ ਹੋਰ ਸ਼ੱਕੀ ਸਕੂਲਾਂ ਦੀ ਜਾਂਚ ਵਿੱਚ ਤੇਜ਼ੀ ਲਿਆਉਣ ਅਤੇ ਜਲਦ ਤੋਂ ਜਲਦ ਰਿਪੋਰਟਾਂ ਪੇਸ਼ ਕਰਨ ਦੇ ਨਿਰਦੇਸ਼ ਦਿੱਤੇ ਗਏ ਨੇ.

--------------------------------------------

ਪੰਜਾਬ ਦੇ ਸਿਹਤ ਮੰਤਰੀ ਡਾ. ਬਲਬੀਰ ਸਿੰਘ ਵੱਲੋਂ ਜ਼ਿਲ੍ਹਾ ਬਰਨਾਲਾ ਦਾ ਅਚਨਚੇਤ ਦੌਰਾ ਕਰਕੇ 'ਮੁੱਖ ਮੰਤਰੀ ਸਿਹਤ ਯੋਜਨਾ' ਤਹਿਤ ਚੱਲ ਰਹੀ ਰਜਿਸਟ੍ਰੇਸ਼ਨ ਪ੍ਰਕਿਰਿਆ ਦਾ ਜਾਇਜ਼ਾ ਲਿਆ ਗਿਆ. ਇਸ ਮੌਕੇ ਓਹਨਾਂ ਕਿਹਾ ਕਿ ਜ਼ਿਲ੍ਹਾ ਬਰਨਾਲਾ ਵਿੱਚ ਰੋਜ਼ਾਨਾ 21 ਥਾਵਾਂ 'ਤੇ ਕੈਂਪ ਲਾ ਕੇ ਰਜਿਸਟ੍ਰੇਸ਼ਨ ਕੀਤੀ ਜਾ ਰਹੀ ਏ, ਜਿਸ ਨੂੰ ਹੋਰ ਤੇਜ਼ ਕਰਨ ਦੇ ਪ੍ਰਸ਼ਾਸਨ ਨੂੰ ਆਦੇਸ਼ ਦਿੱਤੇ ਗਏ ਨੇ. ਉਨ੍ਹਾਂ ਜ਼ਿਲ੍ਹਾ ਪ੍ਰਸ਼ਾਸਨ ਨੂੰ ਨਿਰਦੇਸ਼ ਦਿੱਤੇ ਕਿ ਕੋਈ ਵੀ ਪਰਿਵਾਰ ਇਸ ਯੋਜਨਾ ਦੇ ਲਾਭ ਤੋਂ ਵਾਂਝਾ ਨਾ ਰਹੇ। ਸਿਹਤ ਮੰਤਰੀ ਨੇ ਕਿਹਾ ਕਿ ਇਸ ਯੋਜਨਾ ਤਹਿਤ ਸਰਕਾਰੀ ਹਸਪਤਾਲਾਂ ਵਿੱਚ ਮੌਕੇ 'ਤੇ ਕਾਰਡ ਬਣ ਕੇ 70 ਫੀਸਦੀ ਮਰੀਜ਼ਾਂ ਦੇ ਇਲਾਜ ਦਾ ਬਿੱਲ ਜ਼ੀਰੋ ਆ ਰਿਹਾ ਏ। ਉਨ੍ਹਾਂ ਕਿਹਾ ਕਿ ਮਰੀਜ਼ ਦੇ ਦਾਖਲ ਹੋਣ ਤੋਂ ਲੈ ਕੇ ਛੁੱਟੀ ਹੋਣ ਤੱਕ ਸਾਰੀਆਂ ਦਵਾਈਆਂ, ਟੈਸਟ ਅਤੇ ਅਪਰੇਸ਼ਨ ਬਿਲਕੁਲ ਮੁਫ਼ਤ ਨੇ.

--------------------------------------------

ਭਾਰਤ ਪਾਕਿਸਤਾਨ ਅਟਾਰੀ ਵਾਘਾ ਸਰਹੱਦ ਤੇ ਰੋਜ਼ ਸ਼ਾਮ ਵੇਲੇ ਹੋਣ ਵਾਲੀ ਰੀਟਰੀਟ ਸੈਰੇਮਨੀ ਦਾ ਸਮਾਂ ਬਦਲਿਆ ਗਿਆ ਏ.

ਰੀਟਰੀਟ ਸੈਰਮਨੀ ਅੱਜ ਤੋਂ ਸ਼ਾਮ 5 ਵਜੇ ਤੋਂ ਸਾਢੇ 5 ਵਜੇ ਤੱਕ ਹੋਵੇਗੀ . ਪਹਿਲਾਂ ਇਹ ਰੀਟ੍ਰੀਟ ਸੈਰੇਮਨੀ ਸ਼ਾਮ ਸਾਢੇ ਚਾਰ ਤੋਂ ਪੰਜ ਵਜੇ ਤੱਕ ਹੁੰਦੀ ਸੀ. ਇਹ ਫੈਸਲਾ ਮੌਸਮ ਦੀ ਤਬਦੀਲੀ ਦੇ ਮੱਦੇਨਜ਼ਰ BSF ਅਤੇ ਪਾਕਿ-ਰੇਂਜਰਸ ਵੱਲੋਂ ਆਪਸੀ ਸਹਿਮਤੀ ਨਾਲ ਲਿਆ ਗਿਆ ਏ. ਇਥੇ ਦਸਣਯੋਗ ਏ ਕਿ ਰਿਟਰੀਟ ਸੇਰਿਮਨੀ ਮੌਕੇ ਹੋਣ ਵਾਲੀ ਜੋਸ਼ੀਲੀ ਪਰੇਡ ਦੇਖਣ ਲਈ ਦੇਸ਼ ਵਿਦੇਸ਼ਾਂ ਤੋਂ ਰੋਜ਼ਾਨਾ ਹਜ਼ਾਰਾਂ ਦੀ ਗਿਣਤੀ ਚ ਸੈਲਾਨੀ ਪਹੁੰਚਦੇ ਨੇ.

---------------------------------------------------

ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਵੱਲੋਂ ਚੌਥੇ ਪਾਤਸ਼ਾਹ ਸ੍ਰੀ ਗੁਰੂ ਰਾਮਦਾਸ ਜੀ ਦੇ ਮਹਿਲ ਬੀਬੀ ਭਾਨੀ ਜੀ ਦਾ ਜਨਮ ਦਿਹਾੜਾ ਸ੍ਰੀ ਦਰਬਾਰ ਸਾਹਿਬ ਦੇ ਗੁਰਦੁਆਰਾ ਸ੍ਰੀ ਮੰਜੀ ਸਾਹਿਬ ਦੀਵਾਨ ਹਾਲ ਵਿਖੇ ਸ਼ਰਧਾ ਭਾਵਨਾ ਨਾਲ ਮਨਾਇਆ ਗਿਆ। ਇਸ ਮੌਕੇ ਸ੍ਰੀ ਅਖੰਡ ਪਾਠ ਸਾਹਿਬ ਦੇ ਭੋਗ ਪਾਏ ਗਏ।

ਭੋਗ ਉਪਰੰਤ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਦੇ ਹਜ਼ੂਰੀ ਰਾਗੀ ਭਾਈ ਜਤਿੰਦਰਪਾਲ ਸਿੰਘ ਦੇ ਜਥੇ ਵੱਲੋਂ ਗੁਰਬਾਣੀ ਕੀਰਤਨ ਕੀਤਾ ਗਿਆ ਅਤੇ ਓਸਤੋਂ ਉਪਰੰਤ ਅਰਦਾਸ ਕੀਤੀ ਗਈ |

-----------------------------------------------

ਪੰਜਾਬ ਵਿਧਾਨ ਸਭਾ ਦੇ ਸਪੀਕਰ ਕੁਲਤਾਰ ਸਿੰਘ ਸੰਧਵਾਂ ਨੇ ਬੀਤੀ ਸ਼ਾਮ ਪਿੰਡ ਵਾਂਦਰ ਜਟਾਣਾ ਵਿਖੇ ਕਰਵਾਏ ਗਏ 14ਵੇਂ ਵਾਲੀਬਾਲ ਸਮੈਸ਼ਿੰਗ ਟੂਰਨਾਮੈਂਟ ਵਿੱਚ ਮੁੱਖ ਮਹਿਮਾਨ ਵਜੋਂ ਸ਼ਿਰਕਤ ਕੀਤੀ। ਇਸ ਮੌਕੇ ਉਨ੍ਹਾਂ ਨੇ ਖਿਡਾਰੀਆਂ ਨਾਲ ਮੁਲਾਕਾਤ ਕਰਕੇ ਉਨ੍ਹਾਂ ਦੀ ਹੌਸਲਾ ਅਫ਼ਜ਼ਾਈ ਕੀਤੀ ਅਤੇ ਖੇਡਾਂ ਦੀ ਮਹੱਤਤਾ ’ਤੇ ਜ਼ੋਰ ਦਿੱਤਾ। ਇਸ ਮੌਕੇ ਸ੍ਰੀ ਸੰਧਵਾਂ ਨੇ ਆਪਣੇ ਸੰਬੋਧਨ ਵਿਚ ਕਿਹਾ ਕਿ ਖੇਡਾਂ ਨੌਜਵਾਨੀ ਨੂੰ ਨਸ਼ਿਆਂ ਵਰਗੀਆਂ ਬੁਰਾਈਆਂ ਤੋਂ ਦੂਰ ਰੱਖਦੀਆਂ ਨੇ ਅਤੇ ਤੰਦਰੁਸਤ, ਸਿਹਤਮੰਦ ਤੇ ਅਨੁਸ਼ਾਸ਼ਿਤ ਸਮਾਜ ਦੀ ਸਿਰਜਣਾ ਵਿੱਚ ਅਹਿਮ ਭੂਮਿਕਾ ਨਿਭਾਉਂਦੀਆਂ ਨੇ.

-----------------------------------------------

ਕਿਲ੍ਹਾ ਰਾਏਪੁਰ ਵਿਖੇ ਪੇਂਡੂ ਓਲੰਪਿਕ 2026 ਦੀ ਭਲਕੇ 17 ਫਰਵਰੀ ਨੂੰ ਰਸਮੀ ਸ਼ੁਰੂਆਤ ਹੋ ਰਹੀ ਏ. ਇਹ ਖੇਡਾਂ 17 ਫਰਵਰੀ ਤੋਂ 19 ਫਰਵਰੀ ਤੱਕ ਹੋਣਗੀਆਂ। ਇਸ ਬਾਰੇ ਜਾਣਕਾਰੀ ਦਿੰਦਿਆਂ ਲੁਧਿਆਣਾ ਦੇ ਡਿਪਟੀ ਕਮਿਸ਼ਨਰ ਹਿਮਾਂਸ਼ੂ ਜੈਨ ਨੇ ਦੱਸਿਆ ਕਿ ਸਰਕਾਰ ਵੱਲੋਂ ਪੇਂਡੂ ਓਲੰਪਿਕ ਨੂੰ ਸਫਲਤਾ ਨਾਲ ਕਰਾਉਣ ਲਈ ਪਹਿਲਾਂ ਹੀ ਪੁੱਖਤਾ ਪ੍ਰਬੰਧ ਕੀਤੇ ਗਏ ਨੇ. ਡਿਪਟੀ ਕਮਿਸ਼ਨਰ ਹਿਮਾਂਸ਼ੂ ਜੈਨ ਨੇ ਕਿਹਾ ਕਿ ਬਹੁਤ ਚਿਰਾਂ ਬਾਅਦ ਇਸ ਵਾਰ ਬੈਲ ਗੱਡੀਆਂ ਦੀਆਂ ਦੌੜਾਂ ਤਿੰਨੇ ਦਿਨ ਖਿੱਚ ਦਾ ਕੇਂਦਰ ਰਹਿਣਗੀਆਂ। ਇਸ ਤੋਂ ਇਲਾਵਾ ਹਾਕੀ, ਕਬੱਡੀ, ਅਥਲੈਟਿਕਸ ਤੇ ਰਵਾਇਤੀ ਖੇਡਾਂ ਦੇ ਮੁਕਾਬਲੇ ਵੀ ਦੇਖਣ ਨੂੰ ਮਿਲਣਗੇ। ਓਹਨਾਂ ਇਹ ਵੀ ਕਿਹਾ ਕਿ ਉਮਰ ਵਰਗਾਂ ਵਾਲੇ ਮੁਕਾਬਲਿਆਂ ਵਿੱਚ ਖਿਡਾਰੀਆਂ ਲਈ ਆਪਣਾ ਜਨਮ ਸਬੂਤ ਅਤੇ ਇਹਨਾਂ ਖੇਡਾਂ ਵਿੱਚ ਹਿੱਸਾ ਲੈਣ ਵਾਲੇ ਸਾਰੇ ਖਿਡਾਰੀਆਂ ਲਈ ਆਪਣਾ ਅਧਾਰ ਕਾਰਡ ਅਤੇ ਬੈਂਕ ਵੇਰਵੇ ਨਾਲ ਲੈ ਕੇ ਆਉਣਾ ਲਾਜ਼ਮੀ ਏ । ਤਿੰਨ ਦਿਨਾ ਪੇਂਡੂ ਓਲੰਪਿਕ ਦੌਰਾਨ, ਉੱਘੇ ਕਲਾਕਾਰਾਂ ਵੱਲੋਂ ਲੋਕ ਗਾਇਕੀ ਦੇ ਖੁੱਲੇ ਅਖਾੜੇ ਵਿੱਚ ਦਰਸ਼ਕਾਂ ਦਾ ਮਨੋਰੰਜਨ ਕੀਤਾ ਜਾਵੇਗਾ।

ਡਿਪਟੀ ਕਮਿਸ਼ਨਰ ਹਿਮਾਂਸ਼ੂ ਜੈਨ ਨੇ ਜ਼ੋਰ ਦੇ ਕੇ ਕਿਹਾ ਕਿ ਪੰਜਾਬ ਸਰਕਾਰ ਸੂਬੇ ਦੇ ਅੰਦਰ ਖੇਡ ਸੱਭਿਆਚਾਰ ਨੂੰ ਉਤਸ਼ਾਹਿਤ ਕਰਨ ਲਈ ਸਮਰਪਿਤ ਏ |

----------------------------------------------------------------

- ਇੰਡੀਆ ਏਆਈ ਇਮਪੈਕਟ ਸਿਖਰ ਸੰਮੇਲਨ 2026 ਨਵੀਂ ਦਿੱਲੀ ਵਿੱਚ ਸ਼ੁਰੂ ਹੋ ਗਿਆ ਏ।
- ਮੋਗਾ ‘ਚ ਯੁਧ ਨਸ਼ਿਆਂ ਵਿਰੁਧ ਮੁਹਿੰਮ ਦੇ ਦੂਜੇ ਪੜਾਅ ਦੇ ਰਾਜ – ਪਧਰੀ ਸਮਾਗਮ ‘ਚ , ਮੁਖ ਮੰਤਰੀ ਭਗਵੰਤ ਸਿੰਘ ਮਾਨ ਨੇ ਸੂਬੇ ‘ਚ ਨਸ਼ੇ ਨੂੰ ਖਤਮ ਕਰਨ ਨੂੰ ਲੋਕ ਲਹਿਰ ਬਣਾਉਣ ਦਾ ਸੱਦਾ ਦਿੱਤਾ.
- ਕੌਮੀ ਗਰੀਨ ਟ੍ਰਿਬਿਊਨਲ ਨੇ ਪੰਜਾਬ ਭਰ ਦੀਆਂ ਸਾਰੀਆਂ 85 ਖੱਡਾਂ ’ਤੇ ਖੁਦਾਈ ਕਰਨ ’ਤੇ ਪਾਬੰਦੀ ਲਾ ਦਿੱਤੀ ਏ।
- ਪੰਜਾਬ ਦੇ ਸਿਹਤ ਮੰਤਰੀ ਡਾ. ਬਲਬੀਰ ਸਿੰਘ ਵੱਲੋਂ ਜ਼ਿਲ੍ਹਾ ਬਰਨਾਲਾ ਦੇ ਅਚਨਚੇਤ ਦੌਰੇ ਦੌਰਾਨ 'ਮੁੱਖ ਮੰਤਰੀ ਸਿਹਤ ਯੋਜਨਾ' ਤਹਿਤ ਪ੍ਰਕਿਰਿਆ ਦਾ ਜਾਇਜ਼ਾ ਲਿਆ ਗਿਆ.

- ਕਿਲ੍ਹਾ ਰਾਏਪੁਰ ਵਿਖੇ ਪੇਂਡੂ ਓਲੰਪਿਕ 2026 ਦੀ ਭਲਕੇ 17 ਫਰਵਰੀ ਨੂੰ ਹੋਏਗੀ ਰਸਮੀ ਸ਼ੁਰੂਆਤ |

---------------------------------------------------

**ਇਸਦੇ ਨਾਲ ਹੀ ਖਬਰਾਂ ਦਾ ਇਹ ਬੁਲੇਟਿਨ ਖਤਮ ਹੁੰਦਾ ਏ , ਸਾਡਾ ਅਗਲਾ ਰਾਸ਼ਟਰੀ ਬੁਲੇਟਿਨ ਸ਼ਾਮੀ ਸਾਢੇ 7 ਵਜੇ ਹੋਏਗਾ | ਨਮਸਕਾਰ**